# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 04-07-2024**

ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਜੇਤੂ ਭਾਰਤੀ ਟੀਮ ਅੱਜ ਬਾਰਬਾਡੋਸ ਤੋਂ ਦਿੱਲੀ ਪਹੁੰਚ ਗਈ ਏ। ਹਰੀਕੇਨ ਬੇਰੀਲ ਤੂਫਾਨ ਕਾਰਨ ਭਾਰਤੀ ਦਲ ਦੀ ਰਵਾਨਗੀ ਵਿੱਚ ਦੇਰੀ ਹੋਈ। ਜੇਤੂ ਟੀਮ ਦੇ ਸਵਾਗਤ ਲਈ, ਦਿੱਲੀ ਏਅਰਪੋਰਟ 'ਤੇ ਕ੍ਰਿਕਟ ਪ੍ਰਸ਼ੰਸਕਾਂ ਦੀ ਭਾਰੀ ਭੀੜ ਦੇਖਣ ਨੂੰ ਮਿਲੀ। ਮੁੰਬਈ ਲਈ ਰਵਾਨਾ ਹੋਣ ਤੋਂ ਪਹਿਲਾਂ, ਭਾਰਤੀ ਟੀਮ ਨੇ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਕੀਤੀ। ਭਾਰਤੀ ਕ੍ਰਿਕਟ ਕੰਟਰੋਲ ਬੋਰਡ - ਬੀ.ਸੀ.ਸੀ.ਆਈ. ਦੇ ਸਕੱਤਰ ਜੈ ਸ਼ਾਹ ਨੇ ਦੱਸਿਆ ਕਿ ਜੇਤੂ ਟੀਮ, ਅੱਜ ਸ਼ਾਮ ਮੁੰਬਈ ਵਿੱਚ ਇੱਕ ਖੁੱਲ੍ਹੇ ਬੱਸ ਰੋਡ ਸ਼ੋਅ ਵਿੱਚ ਹਿੱਸਾ ਲਵੇਗੀ। ਸ਼ਾਮ 5 ਤੋਂ 7 ਵਜੇ ਤੱਕ ਨਰੀਮਨ ਪੁਆਇੰਟ ਤੋਂ ਵਾਨਖੇੜੇ ਸਟੇਡੀਅਮ ਤੱਕ, ਜਿੱਤ ਦਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਤੋਂ ਬਾਅਦ ਵਾਨਖੇੜੇ ਸਟੇਡੀਅਮ ਵਿਖੇ, ਇੱਕ

ਸਨਮਾਨ ਸਮਾਗਮ ਹੋਵੇਗਾ, ਜਿੱਥੇ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਜੇਤੂ ਟੀਮ ਨੂੰ ਇਨਾਮੀ ਰਾਸ਼ੀ ਭੇਟ ਕਰੇਗਾ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਨ ਸਮਾਜ ਸੁਧਾਰਕ ਸਵਾਮੀ ਵਿਵੇਕਾਨੰਦ ਨੂੰ ਅੱਜ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਪ੍ਰਧਾਨ ਮੰਤਰੀ ਨੇ ਐਕਸ ਹੈਂਡਲ 'ਤੇ ਲਿਖਿਆ, ਉਹ ਸਵਾਮੀ ਵਿਵੇਕਾਨੰਦ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕਦੇ ਨੇ। ਸ੍ਰੀ ਮੋਦੀ ਨੇ ਕਿਹਾ ਕਿ ਸਵਾਮੀ ਵਿਵੇਕਾਨੰਦ ਦੀਆਂ ਸਿੱਖਿਆਵਾਂ ਲੱਖਾਂ ਲੋਕਾਂ ਨੂੰ ਤਾਕਤ ਪ੍ਰਦਾਨ ਕਰਦੀਆਂ ਨੇ। ਉਨ੍ਹਾਂ ਦਾ ਡੂੰਘਾ ਗਿਆਨ ਅਤੇ ਗਿਆਨ ਦੀ ਨਿਰੰਤਰ ਖੋਜ ਵੀ ਬਹੁਤ ਪ੍ਰੇਰਨਾਦਾਇਕ ਏ ਅਤੇ ਅਸੀਂ ਉਨ੍ਹਾਂ ਦੇ ਇੱਕ ਖੁਸ਼ਹਾਲ ਅਤੇ ਪ੍ਰਗਤੀਸ਼ੀਲ ਸਮਾਜ ਦੇ ਸੁਪਨੇ ਨੂੰ ਪੂਰਾ ਕਰਨ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹਾਂ। ਭਾਰਤੀ ਜਨਤਾ ਪਾਰਟੀ ਨੇ ਵੀ, ਮਹਾਨ ਸਮਾਜ ਸੁਧਾਰਕ ਸਵਾਮੀ ਵਿਵੇਕਾਨੰਦ ਨੂੰ, ਉਨ੍ਹਾਂ ਦੀ ਬਰਸੀ 'ਤੇ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। BJP ਨੇ ਐਕਸ ਹੈਂਡਲ ਵਿੱਚ ਸਵਾਮੀ ਵਿਵੇਕਾਨੰਦ ਦੇ ਪ੍ਰਮੁੱਖ ਅਨਮੋਲ

ਵਚਨ 'ਸੰਘਰਸ਼ ਜਿੰਨਾ ਔਖਾ ਹੋਵੇਗਾ, ਜਿੱਤ ਓਨੀ ਸ਼ਾਨਦਾਰ ਹੋਵੇਗੀ' ਦਾ ਹਵਾਲਾ ਵੀ ਦਿੱਤਾ ਏ । ਪਾਰਟੀ ਨੇ ਕਿਹਾ ਕਿ ਸਵਾਮੀ ਵਿਵੇਕਾਨੰਦ ਦੇ ਵਿਚਾਰ ਸਦੀਵੀ ਨੇ ।

---------------------------------------------------

ਭਾਰਤੀ ਫੌਜ ਨੇ ਸ਼ਹੀਦ ਅਗਨੀਵੀਰ ਅਜੈ ਕੁਮਾਰ ਨੂੰ, ਸਰਕਾਰ ਵੱਲੋਂ ਦਿੱਤੀ ਗਈ ਰਕਮ ਬਾਰੇ ਸਪੱਸ਼ਟੀਕਰਨ ਜਾਰੀ ਕੀਤਾ ਏ । ਫੌਜ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ, ਕਿ ਕੁੱਲ ਮਾਨਤਾ ਪ੍ਰਾਪਤ ਰਕਮ ਵਿੱਚੋਂ 98 ਲੱਖ 39 ਹਜ਼ਾਰ ਰੁਪਏ ਅਗਨੀਵੀਰ ਅਜੈ ਦੇ ਪਰਿਵਾਰ ਨੂੰ ਪਹਿਲਾਂ ਹੀ ਅਦਾ ਕੀਤੇ ਜਾ ਚੁੱਕੇ ਨੇ । ਸਪੱਸ਼ਟੀਕਰਨ ਵਿੱਚ ਕਿਹਾ ਗਿਆ ਏ, ਕਿ ਕਰੀਬ 67 ਲੱਖ ਰੁਪਏ ਦੀ ਵਿਤੀ ਸਹਾਇਤਾ ਰਕਮ ਅਤੇ ਅਗਨੀਵੀਰ ਯੋਜਨਾ ਦੇ ਉਪਬੰਧਾਂ ਅਨੁਸਾਰ, ਲਾਗੂ ਹੋਣ ਵਾਲੇ ਹੋਰ ਲਾਭ ਪੁਲਿਸ ਤਸਦੀਕ ਤੋਂ ਬਾਅਦ ਛੇਤੀ ਹੀ ਦਿੱਤੇ ਜਾਣਗੇ । ਭਾਰਤੀ ਫੌਜ ਦਾ ਇਹ ਸਪੱਸ਼ਟੀਕਰਨ, ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਫੈਲੀਆਂ ਕੁਝ ਪੋਸਟਾਂ ਦੇ ਮੱਦੇਨਜ਼ਰ ਆਇਆ ਏ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ, ਕਿ ਡਿਊਟੀ ਦੌਰਾਨ ਆਪਣੀ ਜਾਨ ਗੁਆਉਣ

ਵਾਲੇ, ਅਗਨੀਵੀਰ ਅਜੇ ਕੁਮਾਰ ਦੇ ਪਰਿਵਾਰ ਨੂੰ ਮੁਆਵਜ਼ਾ ਨਹੀਂ ਦਿੱਤਾ ਗਿਆ ਏ।

---------------------------------------------------

ਨੀਤੀ ਆਯੋਗ ਦੇ 'ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ' ਤਹਿਤ 6 ਪਹਿਲੂਆਂ ਦੇ ਟੀਚਿਆਂ ਨੂੰ 100 ਫ਼ੀਸਦੀ ਪੂਰਾ ਕਰਨ ਲਈ ਸੰਪੂਰਨਤਾ ਅਭਿਆਨ ਅੱਜ ਸ਼ੁਰੂ ਹੋਇਆ। ਇਹ ਅਭਿਆਨ ਅਗਲੇ ਤਿੰਨ ਮਹੀਨੇ ਤਕ ਚਲੇਗਾ। ਫਿਰੋਜ਼ਪੁਰ ਅਤੇ ਮੋਗਾ ਜ਼ਿਲਿਆਂ ਤੋਂ ਅਲਾਵਾ ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਕਪੂਰਥਲਾ ਅਤੇ ਸੰਗਰੂਰ ਜ਼ਿਲਿਆਂ ਦੇ ਕੁਝ ਬਲਾਕ ਇਸ ਪ੍ਰੋਗਰਾਮ ਵਿਚ ਸ਼ਾਮਲ ਨੇ। ਫਿਰੋਜ਼ਪੁਰ ਜ਼ਿਲੇ ਦੇ ਮੱਖੂ ਇਲਾਕੇ ਵਿਚ ਸਰਕਾਰੀ ਕਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਇਸ ਅਭਿਆਨ ਦੀ ਸ਼ੁਰੂਆਤ ਅੱਜ ਹੋਈ। ਏਧਰ ਅੰਮ੍ਰਿਤਸਰ ਦੇ ਅਜਨਾਲਾ ਵਿਖੇ ਵੀ ਸੰਪੂਰਨਤਾ ਅਭਿਆਨ ਅੱਜ ਤੋਂ ਸ਼ੁਰੂ ਹੋਇਆ ।

---------------------------------------------------

ਖਡੂਰ ਸਾਹਿਬ ਤੋਂ ਲੋਕ ਸਭਾ ਚੋਣ ਜਿੱਤਣ ਵਾਲੇ ਅੰਮ੍ਰਿਤਪਾਲ

ਸਿੰਘ, ਛੇਤੀ ਹੀ ਸੰਸਦ ਮੈਂਬਰ ਵਜੋਂ ਸਹੁੰ ਚੁੱਕਣਗੇ । ਇਸ ਲਈ ਅੰਮ੍ਰਿਤਪਾਲ ਨੂੰ ਭਲਕੇ 5 ਜੁਲਾਈ ਤੋਂ, 4 ਦਿਨ ਜਾਂ ਇਸ ਤੋਂ ਘੱਟ ਦੀ ਪੈਰੋਲ ਮਿਲੀ ਏ। ਇਨ੍ਹਾਂ 4 ਦਿਨਾਂ ਵਿੱਚ ਉਹ ਨਾ ਤਾਂ ਰਈਆ ਸਥਿਤ ਆਪਣੇ ਘਰ ਆ ਸਕਣਗੇ, ਨਾ ਹੀ ਆਪਣੇ ਲੋਕ ਸਭਾ ਹਲਕੇ ਅਤੇ ਨਾ ਹੀ ਪੰਜਾਬ। ਉਨ੍ਹਾਂ ਨੂੰ ਇਹ ਪੈਰੋਲ, ਕੁਝ ਸ਼ਰਤਾਂ ਨਾਲ ਦਿੱਤੀ ਗਈ ਏ।

--------------------------------------------------------

ਜਲੰਧਰ ਪੱਛਮੀ ਵਿਧਾਨਸਭਾ ਹਲਕੇ ਤੋਂ BJP ਉਮੀਦਵਾਰ ਅਤੇ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਚੁਣੌਤੀ ਨੂੰ ਸਵੀਕਾਰ ਕਰਦਿਆਂ ਕਿਹਾ ਏ, ਕਿ ਅੱਜ ਉਹ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਕਾਲੇ ਕਾਰਨਾਮਿਆਂ ਨੂੰ ਲੋਕਾਂ ਸਾਹਮਣੇ ਬੇਨਕਾਬ ਕਰਨਗੇ । ਉਨ੍ਹਾਂ ਕਿਹਾ ਕਿ ਉਹ ਅੱਜ ਬਾਅਦ ਦੁਪਹਿਰ 2 ਵਜੇ, ਬਾਬੂ ਜਗਜੀਵਨ ਰਾਮ ਚੌਕ ਵਿਖੇ ਮੌਜੂਦ ਹੋਣਗੇ ਅਤੇ ਆਪਣੇ ਨਾਲ ਸਾਰੇ ਸਬੂਤ ਤੇ ਆਡੀਓ ਲੈ ਕੇ ਆਉਣਗੇ । ਸ਼ੀਤਲ ਅੰਗੁਰਾਲ ਨੇ ਦਾਅਵਾ ਕੀਤਾ ਏ ਕਿ ਜੇਕਰ ਉਸ ਸਬੂਤ ’ਚ, ਮੁੱਖ ਮੰਤਰੀ ਦੇ ਪਰਿਵਾਰ, ਵਿਧਾਇਕ ਅਤੇ ਦੀਪਕ ਬਾਲੀ ਦਾ ਕੋਈ ਜ਼ਿਕਰ ਨਹੀਂ ਏ

ਤਾਂ ਮੇਰੇ ਖ਼ਿਲਾਫ਼ ਕਾਰਵਾਈ ਕਰੋ, ਨਹੀਂ ਤਾਂ ਨੈਤਿਕ ਆਧਾਰ ’ਤੇ ਤੁਹਾਨੂੰ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦੇਣਾ ਚਾਹੀਦਾ ਏ ।